ਪੰਜਾਬ ਸਰਕਾਰ

ਮਾਲ, ਪੁਨਰਵਾਸ ਅਤੇ ਡਿਜਾਸਟਰ ਮੈਨੇਜਮੈਂਟ ਵਿਭਾਗ

(ਸਟੈਂਪ ਅਤੇ ਰਜਿਸਟ੍ਰੇਸ਼ਨ ਸ਼ਾਖਾ)

1. ਸਮੂਹ ਡਿਪਟੀ ਕਮਿਸ਼ਨਰਜ਼,
   ਪੰਜਾਬ ਰਾਜ ਵਿੱਚ।
2. ਸਮੂਹ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ/ਤਹਿਸੀਲਦਾਰ/ ਨਾਇਬ ਤਹਿਸੀਲਦਾਰ, ਪੰਜਾਬ ਰਾਜ ਵਿੱਚ।

ਮੀਮੋ ਨੰ. 24/08/2023-ਐਸ.ਟੀ.1/15971

ਚੰਡੀਗੜ੍ਹ ਮਿਤੀ 20 ਦਸੰਬਰ, 2024

**ਵਿਸ਼ਾ: ਸਵੇਰੇ 9.00 ਵਜੇ ਤੋਂ ਵਸੀਕੇ ਤਸਦੀਕ ਕਰਨ ਬਾਰੇ।**

1. ਨਿਮਨਹਸਤਾਖਰ ਦੇ ਧਿਆਨ ਵਿੱਚ ਆਇਆ ਹੈ ਕਿ ਕਈਂ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ/ਤਹਿਸੀਲਦਾਰ/ਨਾਇਬ ਤਹਿਸੀਲਦਾਰ ਸਮੇਂ ਸਿਰ ਵਸੀਕੇ ਤਸਦੀਕ ਕਰਨਾ ਸੁਰੂ ਨਹੀ ਕਰਦੇ, ਜਿਸ ਕਾਰਨ ਆਮ ਪਬਲਿਕ ਨੂੰ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਹੈ।
2. ਆਪ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਿਸ ਵੀ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ/ਤਹਿਸੀਲਦਾਰ/ਨਾਇਬ ਤਹਿਸੀਲਦਾਰ ਦੀ ਜਿਸ ਦਿਨ ਵਸੀਕੇ ਤਸਦੀਕ ਕਰਨ ਦੀ ਡਿਊਟੀ ਹੈ, ਉਹ ਉਸ ਦਿਨ ਸਵੇਰੇ 9.00 ਵਜੇ ਤੋਂ ਵਸੀਕੇ ਤਸਦੀਕ ਕਰਨ ਲਈ ਆਪਣੇ ਦਫਤਰ ਵਿੱਚ ਉਪਲੱਬਧ ਹੋਵੇ।
3. ਜਿਸ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ/ਤਹਿਸੀਲਦਾਰ/ਨਾਇਬ ਤਹਿਸੀਲਦਾਰ ਦੀ ਜਿਸ ਦਿਨ ਵਸੀਕੇ ਤਸਦੀਕ ਕਰਨ ਦੀ ਡਿਊਟੀ ਹੈ, ਆਪ ਵੱਲੋਂ ਉਸ ਦਿਨ ਕੋਈ ਹੋਰ ਡਿਊਟੀ ਨਾ ਲਗਾਈ ਜਾਵੇ।
4. ਆਪ ਨੂੰ ਇਹ ਵੀ ਆਖਿਆ ਜਾਂਦਾ ਹੈ ਕਿ at random ਤਹਿਸੀਲਾਂ ਵਿੱਚ ਫੋਨ ਕਰਕੇ ਸਵੇਰੇ 9.00 ਵਜੇ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ/ਤਹਿਸੀਲਦਾਰ/ਨਾਇਬ ਤਹਿਸੀਲਦਾਰ ਦੀ ਹਾਜਰੀ ਚੈੱਕ ਕੀਤੀ ਜਾਵੇ।

ਅਨੁਰਾਗ ਵਰਮਾ, ਆਈ.ਏ.ਐੱਸ.

ਵਧੀਕ ਮੁੱਖ ਸਕੱਤਰ (ਮਾਲ)